ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮਿਤੀ 29-03-2000 ਨੂੰ ਕੀਤਾ ਫੈਸਲਾ ਕਿ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ

(1) ਜਲਦੀ ਤੋਂ ਜਲਦੀ ਗੁਰਮਤਿ ਸੋਚ ਵਾਲੇ ਮਾਹਿਰਾਂ ਦੀ ਕਮੇਟੀ ਦੀ ਸਥਾਪਨਾ ਕਰਕੇ ਤਖਤ ਸਾਹਿਬਾਨ ਦੇ ਜਥੇਦਾਰ ਅਤੇ ਮੁੱਖ ਗ੍ਰੰਥੀ ਸਾਹਿਬਾਨ ਦੇ ਸੇਵਾ ਨਿਯਮ, ਜਿਵੇਂ ਨਿਯੁਕਤੀ ਲਈ ਯੋਗਤਾਵਾਂ, ਉਨ੍ਹਾਂ ਦਾ ਕਾਰਜ ਖੇਤਰ, ਕਾਰਜ ਵਿਧੀ, ਅਧਿਕਾਰ ਅਤੇ ਜਿੰਮੇਵਾਰੀਆਂ, ਸੇਵਾ ਮੁਕਤੀ ਆਦਿ ਦੇ ਨਿਯਮ ਨਿਰਧਾਰਤ ਕੀਤੇ ਜਾਣ ਅਤੇ ਇਸ ਦੇ ਨਾਲ ਹੀ ਸਮੇ ਸਮੇ ਪੇਸ਼ ਆਉਣ ਵਾਲੀਆਂ ਪੰਥਕ ਸਮੱਸਿਆਵਾਂ ਦੇ ਸਮਾਧਾਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੁਕਮਨਾਮਾ ਜਾਰੀ ਕੀਤੇ ਜਾਣ ਦਾ ਸਪੱਸ਼ਟ ਵਿਧੀ ਵਿਧਾਨ ਸੁਨਿਸਚਿਤ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਕਿਸੇ ਵੱਲੋਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਨਿੱਜੀ ਹਿੱਤਾਂ ਲਈ ਵਰਤੋਂ ਦੀ ਸੰਭਾਵਨਾ ਹੀ ਨਾ ਰਹੇ ਅਤੇ ਖਾਲਸਾ ਪੰਥ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਮੇ ਸਮੇ ਜਾਰੀ ਕੀਤੇ ਹੁਕਮਨਾਮਿਆਂ ਦੀ ਮਾਨਤਾ ਅਤੇ ਪਵਿੱਤਰਤਾ ਕਾਇਮ ਰਹੇ।

(2) ਗੁਰਦੁਆਰਾ ਐਕਟ ਨੂੰ ਬਣਿਆਂ ਹੋਇਆ ਪੌਣੀ ਸਦੀ ਹੋ ਚੁੱਕੀ ਹੈ। ਸਮੇ ਦੀ ਪ੍ਰਬਲ ਲੋੜ ਹੈ ਕਿ ਗੁਰਦੁਆਰਾ ਪ੍ਰਬੰਧ ਨੂੰ ਪੰਥਕ ਜੁਗਤ ਦੇ ਅਨੁਸਾਰੀ ਬਣਾਉਣ ਲਈ ਇਸ ਐਕਟ ਅਧੀਨ ਬੀਤੇ ਸਮੇਂ ਵਿੱਚ ਹੋਈ ਲਾਭ ਹਾਨੀ ਦਾ ਲੇਖਾ-ਜੋਖਾ ਕੀਤਾ ਜਾਵੇ ਅਤੇ ਐਕਟ ਵਿਚ ਪੰਥਕ ਹਿੱਤਾਂ ਤੋਂ ਉਲਟ ਜੇ ਕੋਈ ਧਾਰਾ ਹੈ ਤਾਂ ਉਸ ਦੀ ਸੋਧ ਲਈ ਉਪਰਾਲਾ ਕੀਤਾ ਜਾਵੇ।

(3) ਗੁਰਦੁਆਰਾ ਪ੍ਰਬੰਧ ਨੂੰ ਸਿਆਸਤ ਦੀ ਕੁਟਲਤਾ ਦੇ ਪ੍ਰਭਾਵ ਤੋਂ ਪਾਕ ਰੱਖਣ ਨੂੰ ਯਕੀਨੀ ਬਣਾਇਆ ਜਾਵੇ।

(4) ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅਕਾਲ ਤਖਤ ਸਾਹਿਬ ਅਤੇ ਬਾਕੀ ਤਖਤ ਸਾਹਿਬਾਨ ਆਪੋ ਆਪਣੀ ਥਾਵੇਂ ਪੰਥ ਦੀਆਂ ਗੌਰਵਸ਼ੀਲ ਸੰਸਥਾਵਾਂ ਹਨ। ਇਨ੍ਹਾਂ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਗੁਰੂ-ਪੰਥ ਵੱਲੋਂ ਸੌਂਪੀ ਹੋਈ ਜਿਮੇਵਾਰੀ ਪਰਸਪਰ ਪਿਆਰ ਸਤਿਕਾਰ ਅਤੇ ਮਿਲਵਰਤਣ ਦੀ ਭਾਵਨਾ ਅਧੀਨ ਨਿਭਾ ਕੇ ਗੁਰੂ-ਪੰਥ ਵੱਲੋਂ ਸੁਰਖ਼ਰੂ ਹੋਣਾ ਚਾਹੀਦਾ ਹੈ।

-/ਸਹੀ(ਜੋਗਿੰਦਰ ਸਿੰਘ)
ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

-/ ਸਹੀ(ਮੋਹਣ ਸਿੰਘ)
ਹੈੱਡ ਗ੍ਰੰਥੀ, ਸ੍ਰੀ ਦਰਬਾਰ ਸਾਹਿਬ
ਸ੍ਰੀ ਅੰਮ੍ਰਿਤਸਰ।

-/ਸਹੀ(ਗੁਰਬਚਨ ਸਿੰਘ)
ਗ੍ਰੰਥੀ, ਸ੍ਰੀ ਦਰਬਾਰ ਸਾਹਿਬ

-/ਸਹੀ(ਮੱਲ ਸਿੰਘ)
ਗ੍ਰੰਥੀ ਸ੍ਰੀ ਦਰਬਾਰ ਸਾਹਿਬ
ਸ੍ਰੀ ਅੰਮ੍ਰਿਤਸਰ

-/ਸਹੀ(ਰਵੇਲ ਸਿੰਘ)
ਗ੍ਰੰਥੀ, ਸ੍ਰੀ ਅਕਾਲ ਤਖਤ ਸਾਹਿਬ,
ਸ੍ਰੀ ਅੰਮ੍ਰਿਤਸਰ।